Dispatch No I/31727/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਸ਼ਾਪਿੰਗ ਮਾਲ, ਮਲਟੀਪਲੈਕਸ, ਧਾਰਮਿਕ ਸਥਾਨ ਖੋਲ੍ਹਣ ਸਬੰਧੀ ਦਿਸ਼ਾ ਨਿਰਦੇਸ਼ ਜਾਰੀ

ਇਹ ਹੁਕਮ ਮਿਤੀ 08.06.2020 ਤੋਂ ਲਾਗੂ ਹੋਣਗੇ

ਫਰੀਦਕੋਟ 7 ਜੂਨ ( ) ਭਾਰਤ ਸਰਕਾਰ ਵੱਲੋ ਕੋਵਿਡ -13 ਨੂੰ ਮਹਾਂਮਾਰੀ ਘੋਸ਼ਿਤ ਕੀਤਾ ਗਿਆ ਹੈ ਅਤੇ ਰਾਜ ਸਰਕਾਰ ਅਤੇ ਜਿਲਾ ਪ੍ਰਸ਼ਾਸ਼ਨ ਵੱਲੋਂ ਇਸ ਮਹਾਂਮਾਰੀ ਦੇ ਬਚਾਅ ਲਈ ਢੁਕਵੇਂ ਕਦਮ ਚੁੱਕੇ ਜਾ ਰਹੇ ਹਨ। ਇਸ ਲਈ 23 ਮਾਰਚ ਤੋਂ ਜਿਲਾ ਫਰੀਦਕੋਟ ਦੀ ਹਦੂਦ ਅੰਦਰ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਸੀ ਅਤੇ ਭਾਰਤ ਸਰਕਾਰ ਦੇ ਗ੍ਰਹਿ ਸਕੱਤਰ ਵੱਲੋ ਜਾਰੀ ਆਦੇਸ਼ਾਂ ਮੁਤਾਬਿਕ ਭਾਰਤ ਦੇਸ਼ ਵਿੱਚ ਕੰਨਟੇਨਮੈਂਟ ਜੋਨਾਂ ਵਿੱਚ ਲਾਕਡਾਊਨ ਮਿਤੀ 30.06.2020 ਤੱਕ ਵਧਾ ਦਿੱਤਾ ਗਿਆ ਹੈ।

ਇਸ ਤਰ੍ਹਾਂ ਵਧੀਕ ਮੁੱਖ ਸਕੱਤਰ , ਪੰਜਾਬ ਸਰਕਾਰ , ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਰੋਸ਼ਨੀ ਵਿੱਚ ਜਿਲ੍ਹਾ ਫਰੀਦਕੋਟ ਦੀ ਹਦੂਦ ਦੇ ਅੰਦਰ ਰਾਤ 9.00 ਵਜੇ ਤੋਂ ਸਵੇਰੇ 5.00 ਵਜੇ ਤੱਕ ਕਰਫਿਊ ਹੁਕਮ ਲਗਾਉਂਦੇ ਹੋਏ ਸ਼ਹਿਰੀ ਅਤੇ ਪੇਂਡੂ ਏਰੀਏ ਅੰਦਰ ਜਰੂਰੀ ਵਸਤਾਂ ਅਤੇ ਗੈਰ ਜਰੂਰੀ ਵਸਤਾਂ ਦੀਆਂ ਦੁਕਾਨਾਂ / ਬਾਰਬਰ ਦੁਕਾਨਾ / ਬਿਊਟੀ ਪਾਰਲਰਸ ਅਤੇ ਸਪਾਅ ਦੀਆਂ ਦੁਕਾਨਾਂ ਨੂੰ ਸਵੇਰੇ 07.00) ਵਜੇ ਤੋਂ ਸ਼ਾਮ 07.00 ਵਜੇ ਤੱਕ ਅਤੇ ਸ਼ਰਾਬ ਦੇ ਠੇਕੇ / ਦੁਕਾਨਾਂ ਸਵੇਰੇ 08.00 ਵਜੇ ਤੋਂ ਸ਼ਾਮ 08.00 ਵਜੇ ਤੱਕ ਖੋਲਣ ਦੇ ਹੁਕਮ ਦਿੱਤੇ ਗਏ ਹਨ।

ਹੁਣ ਭਾਰਤ ਸਰਕਾਰ , ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਵੱਲੋਂ ਮਿਤੀ 04-06-2020 ਨੂੰ ਧਾਰਮਿਕ ਸਥਾਨ / ਪੂਜਾ ਸਥਾਨ ਹੋਟਲ ਅਤੇ ਹੋਰ ਪ੍ਰਾਹੁਣਾਚਾਰੀ ਇਕਾਈਆਂ / ਰੈਸਟੋਰੈਂਟ ਅਤੇ ਸ਼ਾਪਿੰਗ ਮਾਲਜ਼ ਖੋਲਣ ਸਬੰਧੀ ਜਾਰੀ ਕੀਤੀ ਐਸ.ਓ.ਪੀ. ਦੇ ਸਬੰਧ ਵਿੱਚ ਵਧੀਕ ਮੁੱਖ ਸਕੱਤਰ , ਪੰਜਾਬ ਸਰਕਾਰ , ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ ਜਾਰੀ ਕੀਤੀਆਂ ਗਾਈਡਲਾਈਨਜ਼ ਦੀ ਰੋਸ਼ਨੀ ਵਿੱਚ ਜਿਲਾ ਮੈਜਿਸਟਰੇਟ, ਫਰੀਦਕੋਟ, ਵੱਲੋਂ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਧਾਰਮਿਕ ਸਥਾਨ / ਪੂਜਾ ਸਥਾਨ / ਹੋਟਲ ਅਤੇ ਹੋਰ ਪ੍ਰਾਹੁਣਾਚਾਰੀ ਇਕਾਈਆਂ ਰੈਸਟੋਰੈਂਟ ਅਤੇ ਸ਼ਾਪਿੰਗ ਮਾਲਜ਼ ਨੂੰ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹਫਤੇ ਦੇ ਸਾਰੇ ਦਿਨ ਖੋਲਣ ਦਾ ਹੁਕਮ ਦਿੱਤੇ ਹਨ:

1 ) ਸ਼ਾਪਿੰਗ ਮਾਲਜ : ਜਿਲ੍ਹਾ ਫਰੀਦਕੋਟ ਅੰਦਰ ਕੋਈ ਵੀ ਸ਼ਾਪਿੰਗ ਮਾਲਜ਼ ਨਹੀਂ ਹੈ। ਮਲਟੀਪਲੈਕਸ ਨਹੀਂ ਖੋਲੇ ਜਾਣਗੇ।

2 ) ਰੈਸਟੋਰੈਂਟ : ਰੈਸਟੋਰੈਟਜ਼ ਨੂੰ ਮਿਤੀ 15-06-2020 ਤੱਕ ਸਿਰਫ ਹੋਮ ਡਿਲੀਵਰੀ ਵਾਸਤੇ ਸ਼ਾਮ 08.00 ਵਜੇ ਤੱਕ ਖੋਲਣ ਦੀ ਆਗਿਆ ਦਿੱਤੀ ਜਾਂਦੀ ਹੈ। ਰੈਸਟੋਰੈਂਟ ਦੇ ਅੰਦਰ ਬੈਠਕੇ ਖਾਣਾ ਖਾਣ ਅਤੇ ਖਾਣਾ ਵਰਤਾਉਣ ਤੇ ਪਾਬੰਦੀ ਹੋਵੇਗੀ।

ਰੈਸਟੋਰੈਂਟਜ਼ ਦੇ ਪ੍ਰਬੰਧਕ ਰੈਸਟੋਰੈਂਟ ਦੀ ਰਸੋਈ ਅੰਦਰ ਕੰਮ ਕਰਦੇ ਕਰਮਚਾਰੀਆਂ ਦੇ ਹੱਥਾਂ ਦੀ ਸਫਾਈ ਅਤੇ ਮੂੰਹ ਤੇ ਮਾਸਕ ਪਾਉਣਾ ਯਕੀਨੀ ਬਨਾਉਣਗੇ।

3 ) ਹੋਟਲ ਅਤੇ ਹੋਰ ਪ੍ਰਾਹੁਣਾਚਾਰੀ ਇਕਾਈਆਂ :

ਹੋਟਲਾਂ ਵਿੱਚ ਰੈਸਟੋਰੈਂਟ ਅਗਲੇ ਹੁਕਮਾਂ ਤੱਕ ਬੰਦ ਰਹਿਣਗੇ ਅਤੇ ਸਿਰਫ ਹੋਟਲ ਵਿੱਚ ਠਹਿਰੇ ਮਹਿਮਾਨਾਂ ਨੂੰ ਉਨ੍ਹਾਂ ਦੇ ਕਮਰਿਆਂ ਵਿੱਚ ਖਾਨਾ ਪਰੋਸਨ ਦੀ ਹੀ ਖੁੱਲ ਹੋਵੇਗੀ। ਇਸ ਉਪਰੰਤ ਪੰਜਾਬ ਸਰਕਾਰ ਵੱਲੋਂ ਸਥਿਤੀ ਦੀ ਸਮੀਖਿਆ ਮਿਤੀ 15.06.2020 ਨੂੰ ਕਰਨ ਬਾਅਦ ਅਗਲੇ ਹੁਕਮ ਜਾਰੀ ਕੀਤੇ ਜਾਣਗੇ।

ਰਾਤ ਦਾ ਕਰਫਿਊ ਸਖਤੀ ਨਾਲ ਲਾਗੂ ਰਹੇਗਾ। ਵਿਅਕਤੀਆਂ ਦੀ ਆਵਾਜਾਈ ਸਿਰਫ ਸਵੇਰੇ 5.00 ਵਜੇ ਤੋਂ ਰਾਤ 09.00 ਵਜੇ ਤੱਕ ਹੋਵੇਗੀ।

ਇੰਨ੍ਹਾਂ ਥਾਵਾਂ ਦੇ ਪ੍ਰਬੰਧਕ ਹੱਥਾਂ ਦੀ ਸਫਾਈ , ਸਮਾਜਿਕ ਦੂਰੀ ਅਤੇ ਮਾਸਕ ਪਹਿਨਣ ਨੂੰ ਯਕੀਨੀ ਬਨਾਉਣ ਲਈ ਲੋੜੀਦੇ ਪ੍ਰਬੰਧ ਕਰਨਗੇ ।

4 ) ਧਾਰਮਿਕ ਸਥਾਨ / ਪੂਜਾ ਦੇ ਸਥਾਨ :

ਪੂਜਾ ਸਥਾਨ / ਧਾਰਮਿਕ ਸਥਾਨ ਮਿਤੀ 08.06 2020 ਤੋਂ ਸਵੇਰੇ 05.00 ਵਜੇ ਤੋਂ ਸ਼ਾਮ 08.00 ਵਜੇ ਤੱਕ ਖੁੱਲੇ ਰਹਿਣਗੇ । ਪਰੰਤੂ ਇਥੇ ਕਿਸੇ ਕਿਸਮ ਦਾ ਇੱਕਠ ਕਰਨ ਤੇ ਮਨਾਹੀ ਹੋਵੇਗੀ । ) ਧਾਰਮਿਕ ਸਥਾਨਾਂ ਪੂਜਾ ਸਥਾਨਾਂ ਦੇ ਪ੍ਰਬੰਧਕ ਹੱਥਾਂ ਦੀ ਸਫਾਈ , ਸਮਾਜਿਕ ਦੂਰੀ ਅਤੇ ਮਾਸਕ ਪਹਿਨਣ ਨੂੰ ਯਕੀਨੀ ਬਨਾਉਣਗੇ । ਧਾਰਮਿਕ ਅਤੇ ਪੂਜਾ ਸਥਾਨਾਂ ਤੇ ਪ੍ਰਸ਼ਾਦ ਅਤੇ ਲੰਗਰ ਦੀ ਵੰਡਣ ਤੇ ਪੂਰਨ ਤੌਰ ਤੇ ਪਾਬੰਦੀ ਇਨ੍ਹਾਂ ਹੁਕਮਾਂ ਦੀ ਪਾਲਣਾ ਲਈ ਸਮੂਹ ਸੰਸਥਾਨਾਂ ਦੇ ਪ੍ਰਬੰਧਕ ਨਿੱਜੀ ਤੌਰ ਤੇ ਖੁਦ ਜਿਮੇਵਾਰ ਹੋਣਗੇ ।

ਇਸ ਦੇ ਨਾਲ ਹੀ ਇੰਨ੍ਹਾਂ ਸੰਸਥਾਨਾਂ ਤੇ ਜਾਣ ਵਾਲਾ ਵਿਅਕਤੀ ਖੁੱਦ ਕੋਵਿਡ -19 ਸਬੰਧੀ ਭਾਰਤ ਸਰਕਾਰ / ਪੰਜਾਬ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਜਾਰੀ ਗਾਈਡਲਾਈਨਜ਼ ਦਾ ਪਾਬੰਦ ਹੋਵੇਗਾ । ਹਰੇਕ ਵਿਅਕਤੀ / ਕਰਮਚਾਰੀ ਲਈ ਮਾਸਕ ਪਹਿਨਣਾ ਜਰੂਰੀ ਹੋਵੇਗਾ । ਉਲੰਘਣਾ ਦੀ ਸੂਰਤ ਵਿੱਚ ਕੁਤਾਹੀਕਾਰ ਵਿਰੁੱਧ ਡਿਜਾਸਟਰ ਮੈਨੇਜਮੈਂਟ ਐਕਟ 2005 ਅਤੇ ਆਈ.ਪੀ.ਸੀ. ਦੀ ਧਾਰਾ 188 ਤਹਿਤ ਕਾਰਵਾਈ ਕੀਤੀ ਜਾਵੇਗੀ । ਇਹ ਹੁਕਮ ਮਿਤੀ 08.06.2020 ਤੋਂ ਲਾਗੂ ਹੋਣਗੇ।

Dispatch No. I/31744/2020

ਦਫਤਰ ਜਿਲਾ ਲੋਕ ਸੰਪਰਕ ਅਫਸਰ,ਫਰੀਦਕੋਟ

"ਮਿਸ਼ਨ ਫ਼ਤਿਹ "

ਲੋਕਾਂ ਤੋਂ ਕਿਸ਼ਤਾਂ ਦੀ ਜਬਰੀ ਉਗਰਾਹੀ ਕਰਨ ਵਾਲ਼ੀਆਂ ਪ੍ਰਾਈਵੇਟ ਬੈਂਕਿੰਗ ਕੰਪਨੀਆਂ ,ਸਥਾਨਕ ਏਰੀਆ ਬੈਂਕਾਂ ,ਬੈਂਕਿੰਗ ਫਾਇਨਾਂਸ ਕੰਪਨੀਆਂ ਆਦਿ ਵਿਰੁੱਧ ਹੋਵੇਗੀ ਕਾਰਵਾਈ- ਜ਼ਿਲ੍ਹਾ ਮੈਜਿਸਟਰੇਟ

ਜ਼ਿਲ੍ਹਾ ਵਾਸੀਆਂ ਨੂੰ ਮਿਸ਼ਨ ਫ਼ਤਿਹ ਦੀ ਕਾਮਯਾਬੀ ਲਈ ਸਹਿਯੋਗ ਦੀ ਅਪੀਲ

ਫਰੀਦਕੋਟ,7 ਜੂਨ-( )

ਜ਼ਿਲ੍ਹਾ ਮੈਜਿਸਟ੍ਰੇਟ ਫ਼ਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ ਏ ਐੱਸ ਨੇ ਜ਼ਿਲ੍ਹਾ ਪੁਲਿਸ ਮੁਖੀ ਫ਼ਰੀਦਕੋਟ ਨੂੰ ਆਦੇਸ਼ ਦਿੱਤੇ ਹਨ ਕੀ ਕਰਫਿਊ /ਲਾਕਡਾਊਨ ਦੌਰਾਨ ਦੇ ਸਮੇਂ ਲਈ ਲੋਕਾਂ ਤੋਂ ਕਿਸ਼ਤਾਂ ਦੀ ਜਬਰੀ ਉਗਰਾਹੀ ਕਰਨ ਵਾਲ਼ੀਆਂ ਪ੍ਰਾਈਵੇਟ ਬੈਂਕਿੰਗ ਕੰਪਨੀਆਂ ,ਸਥਾਨਕ ਏਰੀਆ ਬੈਂਕਾਂ, ਬੈਂਕਿੰਗ ਫਾਇਨਾਂਸ ਕੰਪਨੀਆਂ ਆਦਿ ਵਿਰੁੱਧ ਆਰਬੀਆਈ ਦੇ ਹੁਕਮਾਂ ਦੀ ਉਲੰਘਣਾ ਕਰਨ ਦੇ ਦੋਸ਼ ਅਧੀਨ ਕਾਰਵਾਈ ਕੀਤੀ ਜਾਵੇਗੀ ।

ਜ਼ਿਲ੍ਹਾ ਮੈਜਿਸਟਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਵਿੱਤੀ ਕੰਪਨੀਆਂ ,ਬੈਂਕਾਂ ਦੇ ਸਟਾਫ ,ਏਜੰਟ ਜਾਂ ਉਨ੍ਹਾਂ ਦੇ ਨੁਮਾਇੰਦੇ ਕਰਫਿਊ /ਲਾਕਡਾਊਨ ਦੇ ਸਮੇਂ ਦੌਰਾਨ ਦੀਆਂ ਬਕਾਇਆ ਕਿਸ਼ਤਾਂ ਦੀ ਅਦਾਇਗੀ ਲਈ ਆਮ ਲੋਕਾਂ ਨੂੰ ਤੰਗ ਪ੍ਰੇਸ਼ਾਨ ਕਰ ਰਹੇ ਹਨ ।ਉਨ੍ਹਾਂ ਦੱਸਿਆ ਕਿ ਰਿਜ਼ਰਵ ਬੈਂਕ ਆਫ ਇੰਡੀਆ ਨੇ 1 ਮਾਰਚ ਤੋਂ 31 ਮਈ 2020 ਦੇ ਵਿਚਕਾਰ ਪੈਣ ਵਾਲੀਆਂ ਸਾਰੀਆਂ ਕਿਸ਼ਤਾਂ ਦੀ ਅਦਾਇਗੀ ਤੇ ਤਿੰਨ ਮਹੀਨਿਆਂ ਲਈ ਰੋਕ ਲਗਾਈ ਹੈ ।ਉਨ੍ਹਾਂ ਇਹ ਵੀ ਦੱਸਿਆ ਕਿ ਇਸ ਤੋਂ ਅੱਗੇ ਰਿਜ਼ਰਵ ਬੈਂਕ ਆਫ ਇੰਡੀਆ ਨੇ 23 ਮਈ, 2020 ਨੂੰ ਲੈਟਰ ਨੰ. ਆਰਬੀਆਈ / 2019- 2020/244 ਦੇ ਅਨੁਸਾਰ ਇਨ੍ਹਾਂ ਕਿਸ਼ਤਾਂ ਦੀ ਉਗਰਾਹੀ ਤੇ ਹੋਰ ਤਿੰਨ ਮਹੀਨਿਆਂ ਲਈ ਰੋਕ ਲਗਾਈ ਹੈ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਐਸਐਸਪੀ ਫ਼ਰੀਦਕੋਟ ਨੂੰ ਨਿਰਦੇਸ਼ ਦਿੱਤੇ ਹਨ ਕਿ ਉਪਰੋਕਤ ਸਮੇਂ ਲਈ ਜੇਕਰ ਕੋਈ ਵਿਅਕਤੀ ,ਬੈਂਕ ਜਾਂ ਵਿੱਤੀ ਕੰਪਨੀ ਕਿਸੇ ਵੀ ਕਿਸਮ ਦੀ ਤਾਕਤ ਜਾਂ ਹੋਰ ਤਰੀਕੇ ਨਾਲ ਲੋਕਾਂ ਨੂੰ ਕਿਸ਼ਤ ਭਰਨ ਲਈ ਮਜਬੂਰ ਜਾਂ ਤੰਗ ਪ੍ਰੇਸ਼ਾਨ ਕਰਦੀ ਹੈ ਤਾਂ ਉਸ ਵਿਰੁੱਧ ਭਾਰਤੀ ਦੰਡ ਵਿਧਾਨ ਦੇ

ਅਧੀਨ ਅਪਰਾਧਕ ਮਾਮਲਾ ਦਰਜ ਕੀਤਾ ਜਾਵੇ ।ਉਨ੍ਹਾਂ ਕਿਹਾ ਕਿ ਇਸ ਸੰਬੰਧ ਵਿੱਚ ਮਾਣਯੋਗ ਅਦਾਲਤ ਦੁਆਰਾ ਜੇਕਰ ਕਿਸੇ ਜਾਇਦਾਦ ਨੂੰ ਜ਼ਬਤ ਕਰਨ ਆਦਿ ਦਾ ਆਦੇਸ਼ ਦਿੱਤਾ ਜਾਂਦਾ ਹੈ ਤਾਂ ਉਸ ਨੂੰ ਲਾਗੂ ਕੀਤਾ ਜਾਵੇਗਾ।

ਜ਼ਿਲ੍ਹਾ ਮੈਜਿਸਟ੍ਰੇਟ ਫ਼ਰੀਦਕੋਟ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਮੁੱਖ ਮੰਤਰੀ ਪੰਜਾਬ ਵੱਲੋਂ ਕਰੋਨਾ ਮਹਾਮਾਰੀ ਦੇ ਵਾਧੇ ਨੂੰ ਰੋਕਣ ਲਈ ਸ਼ੁਰੂ ਕੀਤੀ ਮਿਸ਼ਨ ਫਤਿਹ ਮੁਹਿੰਮ ਨੂੰ ਕਾਮਯਾਬ ਕਰਨ ਲਈ ਆਪਣਾ ਸਹਿਯੋਗ ਦੇਣ ਤਾਂ ਜੋ ਇਸ ਭਿਆਨਕ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ।

Dispatch No

I/31855/2020

ਦਫ਼ਤਰ ਜਿਲਾ ਲੋਕ ਸੰਪਰਕ ਅਫਸਰ ਫਰੀਦਕੋਟ

ਫਰੀਦਕੋਟ 'ਚ ਮਿਲੇ 3 ਹੋਰ ਕੋਰੋਨਾ ਪਾਜ਼ੀਟਿਵ ਕੇਸ

ਜ਼ਿਲ•ੇ ਅੰਦਰ ਕੋਰੋਨਾ ਐਕਟਿਵ ਕੇਸ ਹੋਏ 10

ਮਿਸ਼ਨ ਫਤਿਹ ਤਹਿਤ ਫਰੰਟ ਲਈਨ ਤੇ ਸੇਵਾਵਾਂ ਨਿਭਾ ਰਹੀਆਂ ਆਸ਼ਾ ਵਰਕਰ,ਸਿਹਤ ਵਿਭਾਗ ਦਾ ਸਟਾਫ,ਪੁਲਿਸ ਵਿਭਾਗ ਦੇ ਸਟਾਫ ਮੈਂਬਰਾਂ ਅਤੇ ਗਰਭਵਤੀ ਔਰਤਾਂ ਦੀ ਸਕਰੀਨੰਗ/ ਸੈਂਪਲ ਇਕੱਤਰ ਕਰਨ ਦੀ ਮੁਹਿੰਮ ਜਾਰੀ

ਫਰੀਦਕੋਟ 7 ਜੂਨ( ) ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਵੱਲੋਂ ਸੂਬੇ ਭਰ ਵਿੱਚ ਕੋਰੋਨਾ ਮਹਾਂਮਾਰੀ ਨੂੰ ਮਾਤ ਦੇਣ ਲਈ ਲੋਕਾਂ ਦਾ,ਲੋਕਾਂ ਵੱਲੋਂ ਲੋਕਾਂ ਲਈ ਮਿਸ਼ਨ ਨੂੰ ਪੰਜਾਬ ਫਾਈਟ ਮਿਸ਼ਨ ਫਤਿਹ ਦਾ ਨਾਮ ਦਿੱਤਾ ਗਿਆ ਹੈ।ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕਿ ਕੋਵਿਡ-19 ਦੀਆਂ ਅੱਜ ਤੱਕ 5749 ਸੈਂਪਲ ਲੈਬ ਵਿੱਚ ਭੇਜੇ ਜਾ ਚੁੱਕੇ ਹਨ। ਜਿੰਨਾਂ ਵਿੱਚੋਂ 358 ਸੈਂਪਲਾਂ ਦੇ ਨਤੀਜੇ ਆਉਣੇ ਬਾਕੀ ਹਨ। ਪ੍ਰਾਪਤ ਨਤੀਜਿਆਂ ਵਿੱਚ 5230 ਰਿਪੋਰਟਾਂ ਨੈਗੇਟਿਵ ਆਈਆਂ ਹਨ।ਪ੍ਰਾਪਤ ਨਤੀਜਿਆਂ ਵਿੱਚ ਫਰੀਦਕੋਟ 'ਚ 3 ਹੋਰ ਕੋਰੋਨਾ ਪਾਜ਼ੀਟਿਵ ਕੇਸ ਜਿੰਨਾਂ ਵਿੱਚ ਪਹਿਲਾਂ ਪਾਜ਼ੀਟਿਵ ਆਏ ਪੁਲਿਸ ਦੇ ਏ.ਐਸ.ਅਈ ਦੇ ਸੰਪਰਕ ਆਏ 2 ਕੋਟਕਪੂਰਾ ਦੇ ਵਿਅਕਤੀਆਂ ਦੀ ਰਿਪੋਰਟ ਕੋਰੋਨਾ ਪਾਜ਼ੀਟਿਵ ਆਈ ਹੈ ਜਦ ਕੇ 1 ਹੋਰ ਪੁਲਿਸ ਦਾ ਹੀ ਏ.ਐਸ.ਆਈ ਜੋ ਬਾਜੇਖਾਨਾ ਵਿਖੇ ਡਿਊਟੀ ਕਰਦਾ ਹੈ ਦੀ ਰਿਪੋਰਟ ਵੀ ਕੋਰੋਨਾ ਪਾਜ਼ੀਟਿਵ ਆਈ ਹੈ।ਹੁਣ ਜ਼ਿਲੇ• ਵਿੱਚ ਕੋਰੋਨਾ ਦੇ 10 ਐਕਟਿਵ ਕੇਸ ਹੋ ਗਏ ਹਨ ।ਪਾਜ਼ੀਟਿਵ ਆਏ ਵਿਅਕਤੀ ਨੂੰ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿਖੇ ਆਈਸੋਲੇਸ਼ਨ ਵਾਰਡ ਵਿੱਚ

ਦਾਖਲ ਹਨ। ਵਿਭਾਗ ਵੱਲੋਂ ਜ਼ਿਲ•ੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਕੋਟਕਪੂਰਾ,ਜੈਤੋ,ਬਾਜਾਖਾਨਾ,ਸਾਦਿਕ ਅਤੇ ਫਰੀਦਕੋਟ ਵਿਖੇ ਸਥਾਪਿਤ ਫਲੂ ਕਾਰਨਰ ਵਿਖੇ ਸੈਂਪਲ ਇਕੱਤਰ ਕਰ ਲੈਬ ਨੂੰ ਜਾਂਚ ਲਈ ਭੇਜੇ ਜਾ ਰਹੇ ਹਨ।ਉਨਾਂ ਦੱਸਿਆ ਕਿ ਫਰੰਟ ਲਾਈਨ ਤੇ ਸੇਵਾਵਾ ਨਿਭਾ ਰਹੇ ਪੁਲਿਸ ਵਿਭਾਗ ਦੇ ਅਧਿਕਾਰੀ-ਕਰਮਚਾਰੀ,ਸਿਹਤ ਵਿਭਾਗ ਦੇ ਸਟਾਫ ਮੈਂਬਰ,ਆਸ਼ਾ ਵਰਕਰ,ਗਰਭਵਤੀ ਔਰਤਾ,ਹਾਲ ਹੀ ਵਿੱਚ ਬਾਹਰਲੇ ਸੂਬਿਆਂ ਤੇ ਵਿਦੇਸ਼ਾਂ ਤੋਂ ਆਏ ਵਿਅਕਤੀਆਂ ਦੇ ਸੈਂਪਲ ਇਕੱਤਰ ਕਰਕੇ ਲੈਬ ਵਿੱਚ ਭੇਜੇ ਜਾ ਰਹੇ ਹਨ।ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਜ਼ਿਲ•ੇ ਭਰ ਵਿੱਚ ਕੋਰੋਨਾ ਮਹਾਂਮਾਰੀ ਨੂੰ ਕਾਬੂ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ,ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਟੀਮਾਂ ਤਨਦੇਹੀ ਨਾਲ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਰਹੀਆਂ ਹਨ।ਕੋਵਿਡ-19 ਦੇ ਜ਼ਿਲ•ਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਮੀਡੀਆ ਅਫਸਰ ਡਾ.ਪ੍ਰਭਦੀਪ ਸਿੰਘ ਚਾਵਲਾ ਨੂੰ ਜਾਗਰੂਕਤਾ ਗਤੀਵਿਧੀਆਂ ਜਾਰੀ ਰੱਖਣ ਲਈ ਹਦਾਇਤ ਕੀਤੀ ਤਾਂ ਜੋ ਕੋਰੋਨਾ ਸੈਂਪਲਿੰਗ ਸਬੰਧੀ ਝੂੱਠੀਆਂ ਅਫਵਾਹਾਂ ਨੂੰ ਦੂਰ ਕਰਕੇ ਲੋਕਾਂ ਨੂੰ ਸੈਂਪਲਿੰਗ ਪ੍ਰਕਿਰਿਆ ਸਬੰਧੀ ਸਹੀ ਜਾਣਕਾਰੀ ਪਹੁੰਚਾਈ ਜਾ ਸਕੇ। ਉਨਾਂ ਕਿਹਾ ਕਿ ਮਿਸ਼ਨ ਫਤਿਹ ਤਹਿਤ ਫਰੰਟ ਲਈਨ ਤੇ ਸੇਵਾਵਾਂ ਨਿਭਾ ਰਹੀਆਂ ਆਸ਼ਾ ਵਰਕਰ,ਸਿਹਤ ਵਿਭਾਗ ਦਾ ਸਟਾਫ,ਪੁਲਿਸ ਵਿਭਾਗ ਦੇ ਸਟਾਫ ਮੈਂਬਰਾਂ ਅਤੇ ਗਰਭਵਤੀ ਔਰਤਾਂ ਦੀ ਸਕਰੀਨੰਗ ਕਰ ਖੰਘ,ਜ਼ੁਕਾਮ,ਬੁਖਾਰ ਜਾਂ ਫਲੂ ਵਰਗੇ ਲੱਛਣ ਵਾਲਿਆਂ ਦੇ ਸੈਂਪਲ ਇਕੱਤਰ ਕਰਨ ਦੀ ਮੁਹਿੰਮ ਜਾਰੀ ਹੈ।ਜਿੰਨਾ ਵਿਅਕਤੀਆਂ ਨੂੰ ਫਲੂ ਦੇ ਲੱਛਣ ਨਾ ਵੀ ਹੋਣ ਜੇ ਉਹ ਕੋਰੋਨਾ ਦਾ ਸ਼ੱਕ ਦੂਰ ਕਰਨਾ ਚਾਹੁੰਦੇ ਹਨ ਤਾਂ ਉਹ ਨੇੜੇ ਦੇ ਫਲੂ ਕਾਰਨਰ ਤੇ ਸੈਂਪਲ ਦੇ ਸਕਦੇ ਹਨ।ਜ਼ਿਲ•ਾ ਐਪੇਡਿਮੋਲੋਜਿਸਟ ਡਾ.ਵਿਕਰਮਜੀਤ ਸਿੰਘ ਅਤੇ ਡਾ.ਅਨੀਤਾ ਚੌਹਾਨ ਨੇ ਦੱਸਿਆ ਕਿ ਜ਼ਿਲ•ੇ ਦੇ ਪਾਜ਼ੀਟਿਵ ਆਏ ਕੇਸਾਂ ਦੇ ਸੰਪਰਕ ਵਿੱਚ ਆਏ ਵਿਅਕਤੀਆਂ ਦੀ ਵਿਭਾਗ ਦੀ ਟੀਮ ਵੱਲੋਂ ਸੂਚੀ ਤਿਆਰ ਕੀਤੀ ਜਾ ਰਹੀ ਹੈ ਤਾਂ ਜੋ ਜਲਦੀ ਤੋਂ ਜਲਦੀ ਉਨਾਂ ਨੂੰ ਇਕਾਂਤਵਾਸ ਕਰਕੇ ਉਨਾਂ ਦਾ ਕੋਰੋਨਾ ਸੈਂਪਲ ਇਕੱਤਰ ਕਰ ਲੈਬ ਵਿੱਚ ਭੇਜਿਆ ਜਾ ਸਕੇ।